**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 18-10-2025**

ਰੱਖਿਆ ਮੰਤਰੀ ਰਾਜਨਾਥ ਸਿੰਘ ਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਉੱਤਰ ਪ੍ਰਦੇਸ਼ ਦੇ ਲਖਨਊ ਵਿਚ ਬ੍ਰਹਮੋਸ ਏਰੋਸਪੇਸ ਯੂਨਿਟ ਵਿਚ ਤਿਆਰ ਬ੍ਰਹਮੋਸ ਮਿਜ਼ਾਈਲਾਂ ਦੀ ਪਹਿਲੀ ਖੇਪ ਨੂੰ ਰਵਾਨਾ ਕੀਤਾ ਏ। ਲਖਨਊ ਸਥਿਤ ਬ੍ਰਹਮੋਸ ਇਕਾਈ ਰੱਖਿਆ ਗਲਿਆਰੇ ਵਿਚ ਪਹਿਲੀ ਸਹੂਲਤ ਏ , ਜਿੱਥੇ ਮਿਜ਼ਾਈਲ ਪ੍ਰਣਾਲੀ ਨਿਰਮਾਣ ਤੋਂ ਲੈ ਕੇ ਅੰਤਿਮ ਪ੍ਰੀਖਣ ਤੱਕ ਦੀ ਪੂਰੀ ਪ੍ਰਕਿਰਿਆ ਸਵਦੇਸ਼ੀ ਤੌਰ 'ਤੇ ਕੀਤੀ ਜਾਂਦੀ ਏ। ਇਸ ਸਮਾਗਮ ਦੌਰਾਨ, ਰੱਖਿਆ ਮੰਤਰੀ ਤੇ ਮੁੱਖ ਮੰਤਰੀ ਨੇ ਬੂਸਟਰ ਭਵਨ ਦਾ ਉਦਘਾਟਨ ਕੀਤਾ ਤੇ ਬੂਸਟਰ ਡੌਕਿੰਗ ਪ੍ਰਕਿਰਿਆ ਦਾ ਪ੍ਰਦਰਸ਼ਨ ਦੇਖਿਆ।

---------------------------------------------------------------------------------

ਅੱਜ ਸਵੇਰੇ ਅੰਮ੍ਰਿਤਸਰ ਤੋਂ ਸਹਰਸਾ (ਬਿਹਾਰ) ਵਿਚਕਾਰ ਚੱਲ ਰਹੀ ਗਰੀਬ ਰਥ ਰੇਲ ਗੱਡੀ ਦੇ ਇੱਕ ਡੱਬੇ ਵਿੱਚ ਅੱਗ ਲੱਗ ਗਈ । ਜਾਣਕਾਰੀ ਅਨੁਸਾਰ ਲੁਧਿਆਣਾ ਤੋਂ ਰਵਾਨਾ ਹੋਣ ਤੋਂ ਤੁਰੰਤ ਬਾਅਦ

ਸਰਹਿੰਦ ਰੇਲਵੇ ਸਟੇਸ਼ਨ ਨੇੜੇ ਗੱਡੀ ਵਿੱਚ ਅੱਗ ਲੱਗ ਗਈ । ਅਧਿਕਾਰਤ ਸੂਤਰਾਂ ਅਨੁਸਾਰ, ਜਿਵੇਂ ਹੀ ਇਹ ਘਟਨਾ ਸਾਹਮਣੇ ਆਈ, ਰੇਲਵੇ ਅਧਿਕਾਰੀ ਹਰਕਤ ਵਿਚ ਆ ਗਏ ਤੇ ਯਾਤਰੀਆਂ ਨੂੰ ਤੁਰੰਤ ਦੂਜੇ ਡੱਬਿਆਂ ਵਿਚ ਤਬਦੀਲ ਕਰ ਦਿੱਤਾ । ਅੱਗ ਨੂੰ ਵੀ ਜਲਦੀ ਬੁਝਾ ਦਿੱਤਾ ਗਿਆ। ਹਾਦਸੇ ਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਏ ।

---------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਸੀ.ਬੀ.ਆਈ. ਵਲੋਂ ਭ੍ਰਿਸ਼ਟਾਚਾਰ ਦੇ ਮਾਮਲੇ ਵਿਚ ਰੋਪੜ ਰੇਂਜ ਦੇ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਦੀ ਗ੍ਰਿਫ਼ਤਾਰੀ ਇਕ ਚਿਤਾਵਨੀ ਏ । ਕੱਲ੍ਹ ਪਟਿਆਲਾ ਨੇੜੇ ਨਾਭਾ ਚ ਮੀਡੀਆ ਨਾਲ ਗੱਲ ਕਰਦਿਆਂ ਰਾਜਪਾਲ ਨੇ ਸਵੀਕਾਰ ਕੀਤਾ ਕਿ ਅਜਿਹਾ ਗਲਤ ਕੰਮ ਰਾਜ ਪ੍ਰਸ਼ਾਸਨ ਦੇ ਨੱਕ ਹੇਠ ਹੋ ਰਿਹਾ ਏ ਤੇ ਇਸ ਲਈ ਸਿਸਟਮ ਖੁਦ ਜਵਾਬਦੇਹ ਏ । ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਏ ਤੇ ਪ੍ਰਸ਼ਾਸਨਿਕ ਮਸ਼ੀਨਰੀ ਨੂੰ ਆਤਮ-ਨਿਰੀਖਣ ਕਰਨ ਦੀ ਲੋੜ ਏ । ਇਕ ਸਕ੍ਰੈਪ ਡੀਲਰ ਤੋਂ 8 ਲੱਖ ਰੁਪਏ ਦੀ ਰਿਸ਼ਵਤ ਮੰਗਣ ਤੇ ਲੈਣ ਲਈ ਆਈ.ਪੀ.ਐਸ. ਅਧਿਕਾਰੀ ਭੁੱਲਰ ਦੀ ਇਹ ਹਾਲ ਹੀ ਵਿੱਚ ਹੋਈ ਹਾਈ-ਪ੍ਰੋਫਾਈਲ ਗ੍ਰਿਫ਼ਤਾਰੀ ਹੈਰਾਨ ਕਰਨ ਵਾਲੀ ਏ, ਖਾਸ ਕਰਕੇ ਜਦੋਂ ਰਾਜ ਸਰਕਾਰ ਨੇ

ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਦਾ ਐਲਾਨ ਕੀਤਾ ਹੋਇਆ ਏ। ਭੁੱਲਰ ਦੇ ਚੰਡੀਗੜ੍ਹ ਸਥਿਤ ਘਰ ਤੋਂ 7 ਕਰੋੜ ਰੁਪਏ ਤੋਂ ਵੱਧ ਦੀ ਨਕਦੀ, 2.5 ਕਿਲੋ ਗਹਿਣੇ, ਹਥਿਆਰ ਤੇ ਗੋਲਾ ਬਾਰੂਦ, ਬਹੁਤ ਸਾਰੀਆਂ ਜਾਇਦਾਦਾਂ ਦੇ ਵੇਰਵੇ ਤੇ ਹੋਰ ਕੀਮਤੀ ਚੀਜ਼ਾਂ ਬਰਾਮਦ ਕੀਤੀਆਂ ਗਈਆਂ ਨੇ। ਇਸ ਦੌਰਾਨ, ਸੀ.ਬੀ.ਆਈ. ਅਦਾਲਤ ਨੇ ਭੁੱਲਰ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਏ।

---------------------------------------------------------------------------------

ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸਹੀਦੀ ਦਿਵਸ ਨੂੰ ਸਮਰਪਿਤ ਸਮਾਗਮਾਂ ਦੀ ਨਿਗਰਾਨੀ ਕਰ ਰਹੇ ਮੰਤਰੀ ਸਮੂਹ ਚ ਸ਼ਾਮਿਲ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸੈਰ-ਸਪਾਟਾ ਤੇ ਸੱਭਿਆਚਾਰਕ ਵਿਭਾਗ ਦੇ ਸਲਾਹਕਾਰ  ਦੀਪਕ ਬਾਲੀ ਪ੍ਰਬੰਧਾਂ ਬਾਬਤ ਚੰਡੀਗੜ੍ਹ ਵਿਖੇ ਮੀਟਿੰਗ ਕੀਤੀ, ਜਿਸ ਵਿੱਚ ਸਾਰੇ ਸਬੰਧਤ ਵਿਭਾਗਾਂ ਦੇ ਉੱਚ-ਅਧਿਕਾਰੀ ਸਾਮਲ ਹੋਏ। ਮੰਤਰੀ ਸਮੂਹ ਨੇ ਅਧਿਕਾਰੀਆਂ ਨੂੰ ਉਨਾਂ ਦੀਆਂ ਭੂਮਿਕਾਵਾਂ ਤੇ ਜਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ ਸਮਾਗਮ ਮੁੱਖ ਇਤਿਹਾਸਕ ਸਥਾਨਾਂ ਸਮੇਤ ਸੂਬੇ ਭਰ ਵਿਚ ਨਿਰਵਿਘਨ ਤੇ ਸ਼ਰਧਾ ਨਾਲ ਕਰਵਾਏ

ਜਾਣ । ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਾਰੇ ਵਿਭਾਗਾਂ ਇਨਾਂ ਸਮਾਰੋਹਾਂ ਨੂੰ ਯਾਦਗਾਰੀ ਬਣਾਉਣ ਲਈ ਨੇੜਿਓਂ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ ਦਿੱਤੇ ਗਏ ਨੇ।

------------------------------------------------------------------------

ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਕੇਂਦਰੀ ਏਜੰਸੀ ਦੇ ਤਾਲਮੇਲ ਨਾਲ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਇਕ ਤਸਕਰੀ ਨੈੱਟਵਰਕ ਦੇ ਪੰਜ ਮੈਂਬਰਾਂ ਨੂੰ, ਚਾਰ ਪਿਸਤੌਲ ਤੇ 2 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ । ਇਸ ਬਾਰੇ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਵਾਸੀ ਸਿਵਮ ਅਰੋੜਾ, ਗੁਰਪ੍ਰੀਤ ਸਿੰਘ, ਅਨਮੋਲਦੀਪ ਸਿੰਘ ਤੇ ਤਰਨ ਤਾਰਨ ਦੇ ਅਭਿਸੇਕ ਸਿੰਘ ਤੇ ਕੁਲਮੀਤ ਸਿੰਘ ਵਾਸੀ ਵਜੋਂ ਹੋਈ ਏ। ਡੀ.ਜੀ.ਪੀ. ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜਮ ਦੁਬਈ ਸਥਿਤ ਤਸਕਰ, ਜੋ ਆਪਣੇ ਪਾਕਿਸਤਾਨੀ ਸਾਥੀਆਂ ਦੇ ਸੰਪਰਕ ਵਿੱਚ ਸੀ, ਦੇ ਨਿਰਦੇਸਾਂ ਹੇਠ ਕੰਮ ਕਰ ਰਹੇ ਸਨ। ਉਨਾਂ ਕਿਹਾ ਕਿ ਪੁਲਿਸ ਵਲੋਂ ਜਬਤ ਕੀਤੀ ਗਈ ਖੇਪ ਪਾਕਿਸਤਾਨ ਤੋਂ ਭਾਰਤ ਭੇਜੀ ਗਈ ਸੀ। ਉਹਨਾਂ ਕਿਹਾ ਕਿ ਬਾਕੀ ਮੈਂਬਰਾਂ ਨੂੰ ਗ੍ਰਿਫਤਾਰ ਕਰਨ ਤੇ ਪੂਰੇ ਨੈੱਟਵਰਕ ਨੂੰ ਬੇਅਸਰ ਕਰਨ ਦੀਆਂ ਕੋਸਿਸਾਂ ਜਾਰੀ ਨੇ। ਏ.ਆਈ.ਜੀ.

ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਕੇਂਦਰੀ ਟੀਮਾਂ ਨਾਲ ਸਾਂਝੇ ਆਪ੍ਰੇਸਨ ਵਿਚ ਪੁਲਿਸ ਟੀਮਾਂ ਨੇ ਖੁਫੀਆ ਕਾਰਵਾਈ ਕੀਤੀ ਤੇ ਪੰਜ ਮੁਲਜਮਾਂ ਨੂੰ ਗ੍ਰਿਫਤਾਰ ਕਰਕੇ ਉਨਾਂ ਕੋਲੋਂ ਨਸੀਲੇ ਪਦਾਰਥਾਂ ਤੇ ਆਧੁਨਿਕ ਹਥਿਆਰਾਂ ਦੀ ਖੇਪ ਬਰਾਮਦ ਕੀਤੀ ਗਈ।

--------------------------------------------------------------------------------

ਪੰਜਾਬ ਪੁਲਿਸ ਦੇ ਟ੍ਰੈਫਿਕ ਤੇ ਸੜਕ ਸੁਰੱਖਿਆ ਵਿੰਗ ਦੀ ਸੜਕ ਸੁਰੱਖਿਆ ਫੋਰਸ ਨੇ ਮੁਹਾਲੀ-ਚੰਡੀਗੜ ਹਾਈਵੇਅ ’ਤੇ ਸਥਿਤ ਭਾਗੋ ਮਾਜਰਾ ਟੋਲ ਪਲਾਜਾ ਤੋਂ “ਹੌਲੀ ਚੱਲੋ“ ਸਟਿੱਕਰ ਮੁਹਿੰਮ ਦੀ ਸੁਰੂਆਤ ਕੀਤੀ। ਇਹ ਮੁਹਿੰਮ ਯਾਰਾ ਇੰਡੀਆ ਦੁਆਰਾ ਸਮਰਥਿਤ ਏ ਤੇ ਐਸ.ਐਸ.ਐਫ. ਵਲੋਂ ਲਾਗੂ ਕੀਤੀ ਜਾ ਰਹੀ ਏ। ਮੁਹਿੰਮ ਦੀ ਸ਼ੁਰੂਆਤ ਕਰਨ ਉਪਰੰਤ ਸਪੈਸ਼ਲ ਡੀ.ਜੀ.ਪੀ. ਟ੍ਰੈਫਿਕ ਤੇ ਸੜਕ ਸੁਰੱਖਿਆ ਏ.ਐਸ. ਰਾਏ ਨੇ ਦੱਸਿਆ ਕਿ ਪਹਿਲੇ ਪੜਾਅ ਵਿਚ ਐਸ.ਐਸ.ਐਫ. ਦੇ 144 ਰੂਟਾਂ ਲਈ ਟਰੈਕਟਰ-ਟਰਾਲੀਆਂ ’ਤੇ ਲਗਭਗ 30,000 ਰਿਫਲੈਕਟਰ ਸਟਿੱਕਰ ਚਿਪਕਾਏ ਜਾਣਗੇ, ਜੋ ਕਿ ਪੰਜਾਬ ਦੇ ਲਗਭਗ 4,100 ਕਿਲੋਮੀਟਰ ਮੁੱਖ ਸੜਕੀ ਹਿੱਸਿਆਂ ਨੂੰ ਕਵਰ ਕਰਨਗੇ। ਉਨਾਂ ਦੱਸਿਆ ਕਿ ‘ਹੌਲੀ ਚੱਲੋ ਮੁਹਿੰਮ ਸੜਕ ਜਾਗਰੂਕਤਾ ਨੂੰ ਉਤਸ਼ਹਿਤ ਕਰਕੇ ਟਰੈਕਟਰ-ਟਰਾਲੀਆਂ ਦੇ ਹਾਦਸਿਆਂ ਨੂੰ ਵੀ ਘਟਾਏਗੀ।

----------------------------------------------------------------------------

ਪਟਿਆਲਾ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜਿਲ੍ਹਾ ਅਦਾਲਤੀ ਕੰਪਲੇਕਸ ਵਿਚ ਇਕ ਪ੍ਰਦਰਸ਼ਨੀ ਲਾਈ ਗਈ, ਜਿਸ ਵਿਚ ਪਟਿਆਲਾ ਸਕੂਲ ਫਾਰ ਡੈਫ ਐਂਡ ਬਲਾਈਂਡ ਸੈਫਦੀਪੁਰ  ਦੇ ਬੱਚਿਆਂ ਤੇ ਕੇਂਦਰੀ ਜੇਲ੍ਹ ਪਟਿਆਲਾ ਦੇ ਕੈਦੀਆਂ ਵਲੋਂ ਖੁਦ ਬਣਾਈਆਂ ਮੋਮਬੱਤੀਆਂ, ਦੀਵੇ, ਕੰਬਲ, ਕੱਪੜੇ ਦੇ ਬੈਗ ਤੇ ਗ੍ਰੀਟਿੰਗ ਕਾਰਡ ਦੀ ਸ਼ਾਨਦਾਰ ਪ੍ਰਦਰਸ਼ਨੀ ਲਾਗਈ ਗਈ। ਓਥੇ ਮੌਜੂਦ ਲੋਕਾਂ ਵਲੋਂ ਉਨਾਂ ਦੇ ਕਮ ਦੀ ਸ਼ਲਾਘਾ ਕੀਤੀ ਗਈ  ਤੇ  ਮੋਮਬੱਤੀਆਂ, ਦੀਵੇ, ਕੰਬਲ, ਕੱਪੜੇ ਦੇ ਬੈਗ ਤੇ ਗ੍ਰੀਟਿੰਗ ਕਾਰਡ ਖਰੀਦੇ ਗਏ। ਸਮਾਰੋਹ ਵਿਸ਼ੇਸ਼ ਬੱਚਿਆਂ ਤੇ ਕੈਦੀਆਂ ਦੀ ਕਲਾਤਮਕ ਪ੍ਰਤਿਭਾ ਨੂੰ ਮਾਨਤਾ ਦੇਣ ਲਈ ਇਕ ਮਹੱਤਵਪੂਰਨ ਮੰਚ ਪ੍ਰਦਾਨ ਕਰਦਾ ਏ , ਜੋ ਉਨ੍ਹਾਂ ਦੀ ਪੁਨਰਵਾਸ ਤੇ ਸਸ਼ਕਤੀਕਰਨ ਵਿਚ ਸਕਾਰਾਤਮਕ ਯੋਗਦਾਨ ਪਾਉਂਦਾ ਏ। ਸਮਾਰੋਹ ਦੌਰਾਨ, ਮੁੱਖ ਮੈਜਿਸਟ੍ਰੇਟ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਮਨਦੀਪ ਕੰਬੋਜ ਨੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਵਲੋਂ ਮੁਹੱਈਆ ਕਰਵਾਈਆਂ ਜਾਣ ਵਾਲੀਆਂ  ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਜਾਣੂ ਕਰਵਾਇਆ।

----------------------------------------------------------------------------